**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ: 11-01-2025**

ਉੱਤਰ ਪ੍ਰਦੇਸ਼ ਦੇ AYODHYA ਵਿਚ ਸ਼ਾਨਦਾਰ ਰਾਮ ਮੰਦਿਰ ਵਿਚ ਰਾਮ ਲਲਾ ਦੀ ਪ੍ਰਾਣ ਪ੍ਰਤਿਸ਼ਠਾ ਦੀ ਪਹਿਲੀ ਵਰ੍ਹੇਗੰਢ ਮੌਕੇ ਅੱਜ ਤੋਂ ਤਿੰਨ ਦਿਨਾਂ ਤੱਕ ਚੱਲਣ ਵਾਲਾ ਵਿਸ਼ਾਲ ਸਮਾਗਮ ਸ਼ੁਰੂ ਹੋ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪਿਛਲੇ ਸਾਲ 22 ਜਨਵਰੀ ਨੂੰ ਸ਼੍ਰੀ ਰਾਮ ਜਨਮ ਭੂਮੀ ਮੰਦਰ ਦਾ ਉਦਘਾਟਨ ਕੀਤਾ ਸੀ। ਹਾਲਾਂਕਿ, ਹਿੰਦੂ ਚੰਦਰ ਕੈਲੰਡਰ ਮੁਤਾਬਕ ਪ੍ਰਾਣ ਪ੍ਰਤਿਸ਼ਠਾ ਸਮਾਰੋਹ ਦੀ ਵਰ੍ਹੇਗੰਢ ਅੱਜ ਮਨਾਈ ਜਾ ਰਹੀ ਏ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅਯੁੱਧਿਆ 'ਚ ਰਾਮਲਲਾ ਪ੍ਰਾਣ ਪ੍ਰਤਿਸ਼ਠਾ ਦੀ ਪਹਿਲੀ ਵਰ੍ਹੇਗੰਢ 'ਤੇ ਸਾਰੇ ਦੇਸ਼ ਦੇ ਲੋਕਾਂ ਨੂੰ ਵਧਾਈ ਦਿੱਤੀ ਏ। ਪ੍ਰਧਾਨ ਮੰਤਰੀ ਨੇ ਇਕ ਸੋਸ਼ਲ ਮੀਡੀਆ ਪੋਸਟ ਵਿਚ ਕਿਹਾ

ਏ ਕਿ, ਇਹ ਮੰਦਰ ਸਦੀਆਂ ਦੇ ਤਿਆਗ, ਤਪੱਸਿਆ ਤੇ ਸੰਘਰਸ਼ ਤੋਂ ਬਾਅਦ ਬਣਿਆ ਏ । ਉਨ੍ਹਾਂ ਇਸ ਨੂੰ ਸਾਡੇ ਸੱਭਿਆਚਾਰ ਅਤੇ ਰੂਹਾਨੀਅਤ ਦੀ ਮਹਾਨ ਵਿਰਾਸਤ ਦੱਸਿਆ ਏ।

---------------------------------------------------

ਲੁਧਿਆਣਾ ਪੱਛਮੀ ਵਿਧਾਨ ਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਪ੍ਰੀਤ ਸਿੰਘ ਬਸੀ ਗੋਗੀ ਦੀ ਗੋਲੀ ਲੱਗਣ ਨਾਲ ਮੌਤ ਹੋ ਗਈ ਏ । ਇਹ ਮੰਦਭਾਗੀ ਘਟਨਾ ਸ਼ੁੱਕਰਵਾਰ ਰਾਤ ਕਰੀਬ 12 ਵਜੇ ਵਾਪਰੀ ਦਸੀ ਗਈ ਏ, ਜਦੋਂ ਵਿਧਾਇਕ ਗੋਗੀ ਇਕ ਪ੍ਰੋਗਰਾਮ ਤੋਂ ਪਰਤ ਕੇ ਆਪਣੀ ਲਾਇਸੈਂਸੀ ਪਿਸਤੌਲ ਸਾਫ਼ ਕਰ ਰਹੇ ਸਨ ਤਾਂ ਗੋਲੀ ਚਲ ਗਈ ਜੋ ਕਿ ਉਨ੍ਹਾਂ ਦੇ ਸਿਰ ਵਿਚੋਂ ਲੰਘ ਗਈ। ਇਸ ਮਗਰੋਂ ਪਰਿਵਾਰਕ ਮੈਂਬਰ ਤੇ ਸੁਰੱਖਿਆ ਕਰਮਚਾਰੀ ਉਨਾਂ ਨੂੰ ਲੁਧਿਆਣਾ ਦੇ ਡੀਐਮਸੀ ਹਸਪਤਾਲ ਲੈ ਕੇ ਗਏ, ਜਿੱਥੇ ਡਾਕਟਰਾਂ ਨੇ ਕਰੀਬ 2 ਵਜੇ ਉਨਾਂ ਨੂੰ ਮ੍ਰਿਤਕ ਐਲਾਨ ਦਿੱਤਾ। ਮਾਮਲੇ ਦੀ ਤਫ਼ਤੀਸ਼ ਕਰ ਰਹੇ ਏਡੀਸੀਪੀ ਜਸਕਰਨ ਸਿੰਘ ਤੇਜਾ ਨੇ ਦੱਸਿਆ ਏ ਕਿ ਘਟਨਾ ਸਬੰਧੀ ਬਰਾਮਦ ਕੀਤੀ ਗਈ ਪਿਸਤੌਲ 25 ਬੋਰ ਦੀ ਏ।

---------------------------------------------------------------

2004 ਬੈਚ ਦੇ ਸੀਨੀਅਰ ਆਈ.ਏ.ਐੱਸ. ਅਧਿਕਾਰੀ ਸ੍ਰੀ ਅਰੁਣ ਸੇਖੜੀ ਨੇ ਜਲੰਧਰ ਦੇ ਡਵੀਜ਼ਨਲ ਕਮਿਸ਼ਨਰ ਵਜੋਂ ਅਹੁਦਾ ਸੰਭਾਲ ਲਿਆ ਏ। ਕਮਿਸ਼ਨਰ ਦਫ਼ਤਰ ਜਲੰਧਰ ਵਿਖੇ ਉਨ੍ਹਾਂ ਦੀ ਆਮਦ 'ਤੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਗੁਲਦਸਤਾ ਭੇਟ ਕਰ ਕੇ ਉਨ੍ਹਾਂ ਦਾ ਸਵਾਗਤ ਕੀਤਾ। ਇਸ ਮੌਕੇ ਜ਼ਿਲ੍ਹਾ ਪੁਲਿਸ ਦੀ ਟੁਕੜੀ ਵੱਲੋਂ ਉਨ੍ਹਾਂ ਨੂੰ ਗਾਰਡ ਆਫ਼ ਆਨਰ ਪੇਸ਼ ਕੀਤਾ। ਅਹੁਦਾ ਸੰਭਾਲਣ ਉਪਰੰਤ ਡਵੀਜ਼ਨਲ ਕਮਿਸ਼ਨਰ ਸ੍ਰੀ ਸੇਖੜੀ ਨੇ ਕਿਹਾ ਕਿ ਬਿਹਤਰ ਪ੍ਰਸ਼ਾਸਨ ਤੇ ਲੋਕਾਂ ਨੂੰ ਸੁਚਾਰੂ ਢੰਗ ਨਾਲ ਪ੍ਰਸ਼ਾਸਨਿਕ ਸੇਵਾਵਾਂ ਵੇਲੇ ਸਿਰ ਪ੍ਰਦਾਨ ਕਰਨਾ, ਉਨ੍ਹਾਂ ਦੀ ਤਰਜੀਹ ਹੋਵੇਗੀ।

---------------------------------------------------------------

ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਤੇ ਸਿਰਜਣਾਤਮਕਤਾ ਦਰਸਾਉਣ ਦਾ ਮੌਕਾ ਦੇਣ ਲਈ ਨਹਿਰੂ ਯੁਵਾ ਕੇਂਦਰ ਵੱਲੋਂ ਜ਼ਿਲ੍ਹਾ ਪੱਧਰੀ ਯੁਵਾ ਉਤਸਵ ਪ੍ਰੋਗਰਾਮ **13 ਜਨਵਰੀ ਨੂੰ** ਡੀਏਵੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਰੂਪਨਗਰ ਵਿਚ ਕਰਵਾਇਆ ਜਾ ਰਿਹਾ ਏ। ਯੁਵਾ

ਉਤਸਵ 2025 ਵਿਚ ਮੋਬਾਈਲ ਫੋਟੋਗ੍ਰਾਫੀ, ਕਵਿਤਾ ਲਿਖਣਾ, ਸਮੂਹਕ ਸਭਿਆਚਾਰਕ ਪ੍ਰੋਗਰਾਮ, ਵਿਗਿਆਨ ਮੇਲਾ (ਇੰਡਿਵਿਜੁਅਲ) ਤੇ ਵਿਗਿਆਨ ਮੇਲਾ (ਗਰੁੱਪ) ਦੇ ਮੁਕਾਬਲੇ ਕਰਵਾਏ ਜਾਣਗੇ ਤੇ ਜੇਤੂਆਂ ਨੂੰ ਨਕਦ ਰਕਮ ਦਿੱਤੀ ਜਾਵੇਗੀ। 15 ਤੋਂ 29 ਸਾਲ ਦੇ ਨੌਜਵਾਨ ਇਸ ਪ੍ਰੋਗਰਾਮ ਵਿਚ ਹਿਸਾ ਲੈ ਸਕਣਗੇ।

---------------------------------------------------

ਪਠਾਨਕੋਟ ਦੇ ਜੰਗਲੀ ਜੀਵ ਵਿਭਾਗ ਨੇ ਹਿਰਨ ਤੇ ਕੱਛੂਆਂ ਦਾ ਸ਼ਿਕਾਰ ਕਰਨ ਵਾਲੇ ਇਕ ਵਿਅਕਤੀ ਨੂੰ ਹਿਰਾਸਤ ਵਿਚ ਲਿਆ ਏ। ਇਸ ਬਾਰੇ ਜੰਗਲੀ ਜੀਵ ਵਿਭਾਗ ਦੇ ਡੀਐਫਓ ਪਰਮਜੀਤ ਸਿੰਘ ਨੇ ਦਸਿਆ ਏ ਕਿ ਉਨ੍ਹਾਂ ਨੇ ਪੁਖ਼ਤਾ ਸੂਚਨਾ ਦੇ ਆਧਾਰ 'ਤੇ ਕਥਲੂਰ ਪਿੰਡ ਵਿਚ ਛਾਪਾਮਾਰੀ ਕੀਤੀ। ਛਾਪਾਮਾਰੀ ਦੌਰਾਨ ਇਕ ਵਿਅਕਤੀ ਦੇ ਘਰੋਂ ਕੱਛੂ ਤੇ ਹਿਰਨ ਦਾ ਮਾਸ ਬਰਾਮਦ ਕੀਤਾ ਗਿਆ ਏ। ਇਸ ਵਿਅਕਤੀ ਨੂੰ ਹਿਰਾਸਤ ਵਿਚ ਲੈ ਕੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਏ।

---------------------------------------------------

ਬੀਤੇ ਦੋ ਦਿਨਾਂ ਤੋਂ ਪੰਜਾਬ ਦੇ ਜਿਆਦਾਤਰ ਜਿਲਿਆ ਵਿਚ ਧੁੰਦ ਪੈਣ ਤੇ

ਧੁਪ ਨਾ ਨਿਕਲਣ ਕਾਰਨ ਦਿਨ ਦੇ ਤਾਪਮਾਨ ਵਿਚ 3.7 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ ਏ। ਇਸੇ ਦੌਰਾਨ ਮੌਸਮ ਵਿਭਾਗ ਨੇ ਪੰਜਾਬ ਵਿਚ ਕਈ ਥਾਈਂ ਧੁੰਦ ਪੈਣ ਸਬੰਧੀ ਅਲਰਟ ਜਾਰੀ ਕੀਤਾ ਏ। ਅੰਮਿਤਸਰ, ਗੁਰਦਾਸਪੁਰ ਤੇ ਤਰਨਤਾਰਨ ਜਿਲਿਆਂ ਵਿਚ ਸੰਘਣੀ ਧੁੰਦ ਪੈਣ ਦਾ ਖ਼ਦਸ਼ਾ ਏ। ਇਥੇ ਵਿਜਿਬਿਲਟੀ 50 ਮੀਟਰ ਤੋਂ ਘਟ ਸਕਦੀ । ਫਾਜਿਲਕਾ, ਫਰੀਦਕੋਟ, ਮੁਕਤਸਰ, ਮੋਗਾ, ਬਠਿੰਡਾ ਤੇ ਬਰਨਾਲਾ ਵਿਚ ਮੀਂਹ ਪੈਣ ਸਬੰਧੀ ਅਲਰਟ ਜਾਰੀ ਕੀਤਾ ਗਿਆ ਏ। ਧੁੰਦ ਦਾ ਅਸਰ 14 ਜਨਵਰੀ ਤਕ ਰਹਿਣ ਦੇ ਆਸਾਰ ਨੇ। ਇਸ ਮਗਰੋਂ ਮੌਸਮ ਆਮ ਵਾਂਗ ਹੋ ਸਕਦਾ ਏ।

-------------------------------------------------------

ਜਲੰਧਰ ਨਗਰ ਨਿਗਮ ਦੇ ਨਵੇਂ ਮੇਅਰ ਦੀ ਨਿਯੁਕਤੀ ਦਾ ਇੰਤਜ਼ਾਰ ਹੁਣ ਖਤਮ ਹੋਣ ਵਾਲਾ ਏ। ਸਥਾਨਕ ਰੈੱਡ ਕਰਾਸ ਭਵਨ ਵਿਚ ਦੁਪਹਿਰੇ ਤਿੰਨ ਵਜੇ ਸਦੀ ਗਈ ਮੀਟਿੰਗ ਵਿਚ ਸ਼ਹਿਰ ਦੇ ਨਵੇਂ ਚੁਣੇ ਗਏ ਸਾਰੇ ਕੌਂਸਲਰ ਨਵੇਂ ਮੇਅਰ ਦੀ ਚੋਣ ਲਈ ਆਪੋ-ਆਪਣੀ ਵੋਟ ਪਾਉਣਗੇ। ਇਸ

ਤੋਂ ਬਾਅਦ ਜਲੰਧਰ ਸ਼ਹਿਰ ਦੇ ਮੇਅਰ, ਡਿਪਟੀ ਮੇਅਰ ਅਤੇ ਸੀਨੀਅਰ ਡਿਪਟੀ ਮੇਅਰ ਦੇ ਨਾਵਾਂ ਬਾਰੇ ਰਸਮੀ ਐਲਾਨ ਕੀਤਾ ਜਾਵੇਗਾ।